# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ :02-07-2026**

ਭਾਰਤ ਨੇ ਪਾਕਿਸਤਾਨ ਦੇ ਫਾਰੂਖਾਬਾਦ ਵਿੱਚ ਸਥਿਤ 125 ਸਾਲ ਪੁਰਾਣੇ ਇਤਿਹਾਸਕ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਸਾਹਿਬ ਨੂੰ ਢਾਹੁਣ ਦੀ ਸਖ਼ਤ ਨਿੰਦਾ ਕੀਤੀ ਏ ਤੇ, ਇਸ ਨੂੰ ਬੇਹਦ ਨਿੰਦਣਯੋਗ ਅਤੇ ਨਿਸ਼ਾਨਾ ਬਣਾ ਕੇ ਕੀਤੀ ਗਈ ਭੰਨਤੋੜ ਵਾਲੀ ਕਾਰਵਾਈ ਦੱਸਿਆ ਏ । ਗੁਰਦੁਆਰਾ ਸਾਹਿਬ ਨੂੰ ਢਾਹੁਣ ਦੇ ਸਬੰਧ ਵਿਚ ਮੀਡੀਆ ਦੇ ਸਵਾਲਾਂ ਦੇ ਜਵਾਬ ਵਿੱਚ ਵਿਦੇਸ਼ ਮੰਤਰਾਲੇ ਦੇ ਬੁਲਾਰੇ ਰਣਧੀਰ ਜੈਸਵਾਲ ਨੇ ਇਸ ਘਟਨਾ 'ਤੇ ਗੰਭੀਰ ਚਿੰਤਾ ਪ੍ਰਗਟ ਕੀਤੀ ਏ ਅਤੇ ਨਾਲ ਹੀ ਸਥਾਨਕ ਅਧਿਕਾਰੀਆਂ ਜਾਂ ਇਵੈਕੁਈ ਟਰੱਸਟ ਪ੍ਰਾਪਰਟੀ ਬੋਰਡ ਵੱਲੋਂ ਕੋਈ ਸਾਰਥਕ ਕਾਰਵਾਈ ਨਾ ਕੀਤੇ ਜਾਣ ਦੀ ਜਾਣਕਾਰੀ ਵੀ ਦਿੱਤੀ ਏ। ਉਨ੍ਹਾਂ ਦੱਸਿਆ ਕਿ ਇਹ ਕੋਈ ਇਕੱਲੀ ਘਟਨਾ ਨਹੀਂ ਏ, ਪਹਿਲਾਂ ਵੀ ਇਸ ਤਰ੍ਹਾਂ ਦੀਆਂ ਖਬਰਾਂ ਆਈਆਂ ਨੇ। ਬੁਲਾਰੇ ਨੇ ਕਿਹਾ ਕਿ ਪਾਕਿਸਤਾਨ ਵਿੱਚ ਧਾਰਮਿਕ ਘੱਟ-ਗਿਣਤੀਆਂ ਅਤੇ ਉਨ੍ਹਾਂ ਦੇ ਧਰਮ ਸਥਾਨਾਂ ਨੂੰ ਨਿਸ਼ਾਨਾ ਬਣਾਉਣਾ ਲਗਾਤਾਰ ਜਾਰੀ ਏ ।

---

ਪੰਜਾਬ ਦੇ ਖ਼ਜਾਨਾ, ਆਬਕਾਰੀ ਤੇ ਕਰ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਦੱਸਿਆ ਏ ਕਿ ਸੂਬੇ ਨੇ ਮਾਲੀ ਸਾਲ 2026-27 ਦੀ ਪਹਿਲੀ ਤਿਮਾਹੀ ਲਈ ਵਸਤੂ ਅਤੇ ਸੇਵਾ ਕਰ ਜੀ.ਐੱਸ.ਟੀ. ਦੀ ਉਗਰਾਹੀ ਵਿੱਚ 24.45 ਫੀਸਦ ਦਾ ਸ਼ਾਨਦਾਰ ਵਾਧਾ ਦਰਜ ਕੀਤਾ ਏ। ਇਸ ਦੇ ਨਾਲ ਹੀ ਜੀ.ਐੱਸ.ਟੀ. ਰੀਫੰਡ ਦੇ ਰੂਪ ਵਿੱਚ 1,270 ਕਰੋੜ ਰੁਪਏ ਜਾਰੀ ਕੀਤੇ ਗਏ ਨੇ। ਮਾਲੀ ਸਾਲ 2026-27 ਦੀ ਪਹਿਲੀ ਤਿਮਾਹੀ ਦੀ ਕਾਰਗੁਜਾਰੀ ਬਾਰੇ ਖ਼ਜਾਨਾ ਮੰਤਰੀ ਚੀਮਾ ਨੇ ਕਿਹਾ ਕਿ ਕੁੱਲ ਜੀ.ਐੱਸ.ਟੀ. ਉਗਰਾਹੀ ਵੱਧ ਕੇ 7 ਹਜਾਰ 833 ਕਰੋੜ ਰੁਪਏ ਤੋਂ ਵੱਧ ਹੋ ਗਈ ਏ।  ਜੀ.ਐਸ.ਟੀ. ਵਿੱਚ 1,538 ਕਰੋੜ ਤੋਂ ਵੱਧ ਅਤੇ ਵੈਟ/ਸੀ.ਐੱਸ.ਟੀ. ਉਗਰਾਹੀ ਵਿੱਚ 242 ਕਰੋੜ ਤੋਂ ਵੱਧ ਦਾ ਵਾਧਾ ਸੂਬੇ ਦੀ ਵਿੱਤੀ ਸਥਿਤੀ ਦੀ ਸਪੱਸ਼ਟ ਮਜ਼ਬੂਤੀ ਨੂੰ ਦਰਸਾਉਂਦਾ ਏ। ਇਕੱਲੇ ਜੂਨ 2026 ਵਿੱਚ ਕੀਤੀ ਗਈ ਕਾਰਵਾਈ ਦਾ ਵੇਰਵਾ ਦਿੰਦਿਆਂ ਮੰਤਰੀ ਨੇ ਕਿਹਾ ਕਿ ਇਸ ਦੌਰਾਨ 225 ਕਰੋੜ ਰੁਪਏ ਦੇ ਜੁਰਮਾਨੇ ਲਗਾਏ ਗਏ ਨੇ ਅਤੇ ਫਰਜ਼ੀ ਬਿੱਲ ਬਣਾਉਣ ਤੇ ਧੋਖਾਦੇਹੀ ਵਾਲੀਆਂ ਰਜਿਸਟ੍ਰੇਸ਼ਨਾਂ ਵਿੱਚ ਸ਼ਾਮਲ ਫਰਜ਼ੀ ਟੈਕਸ ਅਦਾਇਗੀ ਕਰਨ ਵਾਲਿਆਂ ਵਿਰੁੱਧ 20 ਮਾਮਲੇ ਦਰਜ ਕੀਤੇ ਗਏ ਨੇ।

---

ਪੰਜਾਬ ਰਾਜ ਖੁਰਾਕ ਕਮਿਸ਼ਨ ਦੇ ਚੇਅਰਮੈਨ ਬਾਲ ਮੁਕੰਦ ਸ਼ਰਮਾ ਨੇ ਖੁਰਾਕ ਕਮਿਸ਼ਨ ਦੀਆਂ ਸਿਫ਼ਾਰਸ਼ਾਂ ਦਾ ਹਵਾਲਾ ਦਿੰਦੇ ਹੋਏ ਕਿਹਾ ਏ ਕਿ ਬੱਚਿਆਂ ਦੀ ਸਿਹਤ ਦੇ ਮੱਦੇਨਜ਼ਰ ਹਰ ਸਕੂਲ ਵਿੱਚ 'ਪੋਸ਼ਣ ਬਗੀਚੀ' ਬਣਾਉਣਾ ਲਾਜ਼ਮੀ ਕੀਤਾ ਜਾਵੇ। ਉਨ੍ਹਾਂ ਨੇ ਕੱਲ੍ਹ  ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਮਾਨਸਾ ਵਿਚ ਅਧਿਕਾਰੀਆਂ ਨਾਲ  ਮੀਟਿੰਗ ਵਿੱਚ ਨਿਰਦੇਸ਼ ਦਿੱਤੇ ਕਿ ਆਂਗਨਵਾੜੀ ਕੇਂਦਰਾਂ ਦੇ ਲਾਭਪਾਤਰੀਆਂ ਤੱਕ ਸਾਰੀਆਂ ਭਲਾਈ ਯੋਜਨਾਵਾਂ ਦਾ 100 ਫ਼ੀਸਦੀ ਲਾਭ ਯਕੀਨੀ ਬਣਾਇਆ ਜਾਵੇ। ਸ੍ਰੀ ਸ਼ਰਮਾ ਨੇ ਫੂਡ ਕਮਿਸ਼ਨ ਦਾ ਹੈਲਪਲਾਈਨ ਨੰਬਰ 98767-64545 ਹਰ ਆਂਗਨਵਾੜੀ ਕੇਂਦਰ, ਸਰਕਾਰੀ ਸਕੂਲ, ਰਾਸ਼ਨ ਡੀਪੂ ਅਤੇ ਸਰਕਾਰੀ ਦਫ਼ਤਰਾਂ 'ਤੇ ਲਿਖਿਆ ਜਾਵੇ ਤਾਂ ਜੋ ਲੋਕ ਸ਼ਿਕਾਇਤ ਦੇਣ ਲਈ ਸੰਪਰਕ ਕਰ ਸਕਣ।

---------------------------------------------------

ਅੱਜ, ਜੰਮੂ-ਕਸ਼ਮੀਰ ਦੇ ਉਪ ਰਾਜਪਾਲ ਮਨੋਜ ਸਿਨਹਾ ਨੇ ਜੰਮੂ ਦੇ ਭਗਵਤੀ ਨਗਰ ਯਾਤਰੀ ਨਿਵਾਸ ਬੇਸ ਕੈਂਪ ਤੋਂ ਸਖ਼ਤ ਸੁਰੱਖਿਆ ਦਰਮਿਆਨ, ਸਾਲਾਨਾ ਸ੍ਰੀ ਅਮਰਨਾਥ ਜੀ ਯਾਤਰਾ ਲਈ 4 ਹਜ਼ਾਰ 822 ਸ਼ਰਧਾਲੂਆਂ ਦੇ ਪਹਿਲੇ ਜੱਥੇ ਨੂੰ ਰਵਾਨਾ ਕੀਤਾ।  ਸਾਡੇ ਜੰਮੂ ਵਾਲੇ ਪੱਤਰਕਾਰ ਨੇ ਖਬਰ ਦਿੱਤੀ ਏ ਕਿ ਉਪ ਰਾਜਪਾਲ ਨੇ ਪਹਿਲਗਾਮ ਅਤੇ ਬਾਲਟਾਲ ਦੋਵਾਂ ਰੂਟਾਂ ਲਈ ਸ਼ਰਧਾਲੂਆਂ ਨੂੰ ਰਵਾਨਾ ਕੀਤਾ ਏ। ਇਸ

ਪਵਿੱਤਰ ਯਾਤਰਾ ਵਿੱਚ ਹਿੱਸਾ ਲੈਣ ਲਈ ਦੇਸ਼ ਦੇ ਵੱਖ-ਵੱਖ ਹਿੱਸਿਆਂ ਤੋਂ ਸ਼ਰਧਾਲੂ ਜੰਮੂ ਪਹੁੰਚ ਰਹੇ ਨੇ। 4 ਹਜ਼ਾਰ 822 ਸ਼ਰਧਾਲੂਆਂ ਦਾ ਪਹਿਲਾ ਜਥਾ, ਜਿਸ ਵਿੱਚ ਬਾਲਟਾਲ ਰੂਟ ਲਈ 2 ਹਜ਼ਾਰ 312 ਅਤੇ ਪਹਿਲਗਾਮ ਰੂਟ ਲਈ 2 ਹਜ਼ਾਰ 510 ਤੀਰਥ ਯਾਤਰੀ ਸ਼ਾਮਿਲ ਨੇ, 147 ਵਾਹਨਾਂ ਦੇ ਕਾਫਲੇ ਵਿੱਚ ਰਵਾਨਾ ਹੋਏ ਨੇ।

------------------------------------------------------------

ਪੰਜਾਬ ਦੇ ਪੁਲਿਸ ਥਾਣਿਆਂ ਵਿੱਚ ਲੰਮੇ ਸਮੇਂ ਤੋਂ ਖੜ੍ਹੇ ਅਣਅਧਿਕਾਰਤ ਅਤੇ ਜ਼ਬਤ ਵਾਹਨਾਂ ਦੇ ਜਲਦੀ ਨਿਪਟਾਰੇ ਲਈ ਚਲਾਈ ਗਈ ਖਾਸ ਮੁਹਿੰਮ ਤਹਿਤ ਪੰਜਾਬ ਪੁਲਿਸ ਨੇ ਪਿਛਲੇ ਇੱਕ ਮਹੀਨੇ ਦੌਰਾਨ 7,402 ਜ਼ਬਤ ਵਾਹਨਾਂ ਦਾ ਨਿਪਟਾਰਾ ਕੀਤਾ ਏ। ਇਸ ਮੁਹਿੰਮ ਤੋਂ ਪਹਿਲਾਂ ਪੰਜਾਬ ਪੁਲਿਸ ਕੋਲ 55,721 ਜ਼ਬਤ ਵਾਹਨ ਸਨ। ਇਸੇ ਦੌਰਾਨ ਟ੍ਰੈਫਿਕ ਨਿਯਮਾਂ ਦੀ ਉਲੰਘਣਾ ਖ਼ਿਲਾਫ਼ ਸੂਬੇ ਭਰ ਵਿੱਚ ਚਲਾਈ ਗਈ ਮੁਹਿੰਮ ਦੌਰਾਨ ਪੁਲਿਸ ਨੇ 3,355 ਹੋਰ ਵਾਹਨ ਜ਼ਬਤ ਕੀਤੇ। ਇਸ ਨਾਲ ਜ਼ਬਤ ਵਾਹਨਾਂ ਦੀ ਕੁੱਲ ਗਿਣਤੀ 59 ਹਜਾਰ ਤੋਂ ਵੱਧ ਗਈ ਸੀ। ਹਾਲਾਂਕਿ ਪਿਛਲੇ ਇੱਕ ਮਹੀਨੇ ਵਿੱਚ 7,402 ਵਾਹਨਾਂ ਦੇ ਨਿਪਟਾਰੇ ਤੋਂ ਬਾਅਦ ਪੁਲਿਸ ਕੋਲ ਜ਼ਬਤ ਵਾਹਨਾਂ ਦੀ ਗਿਣਤੀ ਘੱਟ ਕੇ 51,674 ਰਹਿ ਗਈ ਏ। ਇਸ ਸਬੰਧ ਵਿੱਚ ਪੰਜਾਬ ਪੁਲਿਸ ਦੇ ਮੁਖੀ ਗੌਰਵ ਯਾਦਵ ਨੇ ਕਿਹਾ ਏ ਕਿ ਪਿਛਲੇ ਇੱਕ ਮਹੀਨੇ ਦੌਰਾਨ ਪੁਲਿਸ ਨੇ 3,355 ਵਾਹਨ

ਜ਼ਬਤ ਕੀਤੇ ਸਨ ਅਤੇ 7,402 ਵਾਹਨਾਂ ਦਾ ਨਿਪਟਾਰਾ ਕੀਤਾ ਗਿਆ ਏ।

---------------------------------------------------

ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਵਿੱਚ ਮਾਨਸੂਨ ਦੀ ਸਮੇਂ ਤੋਂ ਪਹਿਲਾਂ ਆਮਦ ਨਾਲ ਵੱਧ ਤੋਂ ਵੱਧ ਤਾਪਮਾਨ ਵਿੱਚ ਭਾਰੀ ਗਿਰਾਵਟ ਦਰਜ ਕੀਤੀ ਗਈ ਏ, ਜਿਸ ਨਾਲ ਲੋਕਾਂ ਨੂੰ ਗਰਮੀ ਦੀ ਲਹਿਰ ਤੋਂ ਕਾਫ਼ੀ ਰਾਹਤ ਮਿਲੀ ਏ। ਦੋਵੇਂ ਸੂਬਿਆਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਦੇ ਜ਼ਿਆਦਾਤਰ ਹਿੱਸਿਆਂ ਵਿੱਚ ਦੇਰ ਰਾਤ ਅਤੇ ਅੱਜ ਤੜਕੇ ਪਏ ਮੀਂਹ ਕਾਰਨ ਬਿਜਲੀ ਦੀ ਮੰਗ ਵਿੱਚ ਵੀ ਤੇਜ਼ੀ ਨਾਲ ਕਮੀ ਆਈ ਏ। ਪਾਰਾ ਹੇਠਾਂ ਡਿੱਗਣ ਨਾਲ ਅੱਜ ਸਵੇਰੇ ਹਰਿਆਣਾ ਦਾ ਨਾਰਨੌਲ 18 ਡਿਗਰੀ ਸੈਲਸੀਅਸ ਦੇ ਘੱਟੋ-ਘੱਟ ਤਾਪਮਾਨ ਨਾਲ ਖੇਤਰ ਦਾ ਸਭ ਤੋਂ ਠੰਢਾ ਸ਼ਹਿਰ ਰਿਹਾ। ਇਵੇਂ ਹੀ ਪੰਜਾਬ ਦਾ ਬਠਿੰਡਾ ਵਿਚ ਘੱਟੋ-ਘੱਟ ਤਾਪਮਾਨ 20.8 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ। ਇਸ ਤੋਂ ਪਹਿਲਾਂ ਕੱਲ੍ਹ ਬਠਿੰਡਾ ਵਿੱਚ ਵੱਧ ਤੋਂ ਵੱਧ ਤਾਪਮਾਨ 41.5 ਡਿਗਰੀ ਸੈਲਸੀਅਸ ਦਰਜ ਹੋਇਆ ਸੀ।

---------------------------------------------------